19 Oct-RPR-5-6-8.qxd 10/20/2025 12:47 AM Page 2

ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

ਰੇਡੀਓ

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ 20 ਅਕਤੂਬਰ ਨੂੰ ਸ਼ਾਮ 4.00 ਤੋਂ 6.00 ਵਜੇ ਤੱਕ ਭਾਈ ਸਿਮਰਨਜੀਤ ਸਿੰਘ ਅਤੇ 21 ਅਕਤੂਬਰ ਨੂੰ ਸਵੇਰੇ 4.00 ਤੋਂ 6.00 ਵਜੇ ਤੱਕ ਭਾਈ ਸਤਿੰਦਰਬੀਰ ਸਿੰਘ 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ 20 ਅਕਤੂਬਰ ਨੂੰ ਸ਼ਾਮ 5.00 ਤੋਂ 7.00 ਵਜੇ ਤੱਕ ਭਾਈ ਸਿਮਰਨਜੀਤ ਸਿੰਘ, ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' ਭਾਈ ਜਗਤਾਰ ਸਿੰਘ ਖ਼ ਤੇ 21 ਅਕਤੂਬਰ ਨੂੰ ਸਵੇਰੇ 3.45 ਵਜੇ ਤੋਂ 7.45 ਵਜੇ ਤੱਕ ਭਾਈ ਸਤਿੰਦਰਬੀਰ ਸਿੰਘ ਤੇ ਭਾਈ ਸਾਹਿਬ ਸਿੰਘ ਕੀਰਤਨ ਕਰਨਗੇ।

ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 3.45 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 6.00 ਵਜੇ ਤੋਂ 8.00 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।

ਮੁੱਖ ਵਾਕ ਦੀ ਕਥਾ : 20 ਅਕਤੂਬਰ ਅਤੇ 21 ਅਕਤੂਬਰ ਨੂੰ ਭਾਈ ਸਾਹਿਬ ਭਾਈ ਪਿੰਦਰਪਾਲ ਸਿੰਘ ਲੁਧਿਆਣਾ ਗੁ: ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

ਆਰਥਿਕ ਮੰਦਹਾਲੀ ਨਾਲ ਜੂਝ ਰਿਹੈ ਦੀਵਾਲੀ ਮੌਕੇ ਦੀਵੇ ਬਣਾਉਣ ਵਾਲਾ ਘੁਮਿਆਰ ਭਾਈਚਾਰਾ

▸▸ ਬਰਸਾਤਾਂ ਦੌਰਾਨ ਆਏ ਹੜ੍ਹਾਂ ਕਾਰਨ ਭਾਂਡੇ ਬਣਾਉਣ ਵਾਲੀ ਮਿੱਟੀ ਅਤੇ ਲੋੜੀਂਦੇ ਸਾਮਾਨ ਦਾ ਹੋਇਆ ਵੱਡਾ ਨੁਕਸਾਨ, ਸਰਕਾਰ ਅਤੇ ਸਮਾਜ ਸੇਵੀ ਜਥੇਬੰਦੀਆਂ ਤੋਂ ਮਦਦ ਦੀ ਕੀਤੀ ਅਪੀਲ

ਸ੍ਰੀ ਅਨੰਦਪੁਰ, 19 ਅਕਤੂਬਰ (ਜੇ ਐਸ ਨਿੱਕੂਵਾਲ)-ਰੌਸ਼ਨੀਆਂ ਦਾ ਤਿਉਹਾਰ ਦੀਵਾਲੀ ਮੌਕੇ ਘਰਾਂ ਨੂੰ ਦੀਵਿਆਂ ਨਾਲ ਰੁਸ਼ਨਾਉਣ ਲਈ ਤਿਆਰ ਕਰਨ ਵਾਲਾ ਘੁਮਿਆਰ ਭਾਈਚਾਰਾ ਆਧੁਨਿਕਤਾ ਦੇ ਦੌਰ ਵਿਚ ਆਰਥਿਕ ਮੰਦਹਾਲੀ ਨਾਲ ਜੂਝ ਰਿਹਾ ਹੈ ਅਤੇ ਪੀੜ੍ਹੀ ਦਰ ਪੀੜ੍ਹੀ ਕੰਮ ਕਰਨ ਵਾਲੇ ਇਹ ਲੋਕ ਆਪਣੇ ਇਸ ਪੁਰਾਣੇ ਕਿੱਤੇ ਨੂੰ ਛੱਡ ਕੇ ਹੋਰ ਕਿੱਤਿਆਂ ਵੱਲ ਰੁੱਖ ਕਰ ਰਹੇ ਹਨ। ਮਿੱਟੀ ਦੇ ਦੀਵੇ ਬਣਾਉਣ ਦੇ ਕਾਰੋਬਾਰ ਕਰਨ ਵਾਲੇ ਸੁਰਿੰਦਰਪਾਲ ਸਿੰਘ ਸਿੰਦੂ ਵਾਸੀ ਚੰਡੇਸਰ ਨੇ ਦੱਸਿਆ ਕਿ ਉਨ੍ਹਾਂ ਨੂੰ ਇੱਟਾਂ ਦੇ ਭੱਠੇ ਜਾ ਮੁੱਲ ਖ਼ਰੀਦ ਕੇ ਖ਼ਾਸ ਕਿਸਮ ਦੀ ਮਿੱਟੀ ਅਤੇ ਰੇਤਾ ਲਿਆ ਕੇ ਘਰਾਂ ਚੁਲੱਕੜ, ਥੱਪਮਾ, ਕਨੇਰਾ, ਆਸਰੀ ਆਦਿ ਪੁਰਾਣੇ ਔਜਾਰਾਂ ਦੀ ਵਰਤੋਂ ਕਰਕੇ ਮਿੱਟੀ ਦੇ ਭਾਂਡਿਆਂ ਦਾ ਨਿਰਮਾਣ ਕੀਤਾ ਜਾਂਦਾ ਹੈ ਅਤੇ ਫਿਰ ਧੁੱਪ ਵਿਚ ਸੁਕਾਉਣ ਤੋਂ ਬਾਅਦ ਆਵੇ ਵਿਚ ਪਾ ਕੇ ਪਕਾਇਆ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਉਹ ਦੀਵੇ ਸਮੇਤ ਘਰਾਂ ਵਿਚ ਵਰਤਣ ਵਾਲੀਆਂ ਚਾਟੀਆਂ ਸਮੇਤ ਘੜੇ ਅਤੇ ਹੋਰ ਸਮਾਨ ਤਿਆਰ ਕਰਦੇ ਹਨ ਅਤੇ ਤਿਆਰ ਸਮਾਨ ਨੂੰ ਤਿਉਹਾਰਾਂ ਦੇ ਮੌਸਮ ਵਿਚ ਖ਼ੁਦ ਬਜਾਰ ਵਿਚ ਫੜ੍ਹੀ ਲਗਾ ਕੇ ਵੇਚਣਾ ਪੈਂਦਾ ਹੈ। ਉਨ੍ਹਾ ਦੱਸਿਆ ਕਿ ਸਾਡਾ ਕੰਮ ਇੱਕ ਸਾਲ ਵਿਚ ਤਿੰਨ ਕੁ ਮਹੀਨੇ ਹੀ ਹੁੰਦਾ ਹੈ ਅਤੇ ਇੱਕ ਵਿਅਕਤੀ ਸਾਰਾ ਦਿਨ ਪੂਰੇ ਪਰਿਵਾਰ ਨੂੰ ਨਾਲ ਲਾ ਕੇ ਸਿਰਫ਼ ਆਪਣੀ ਰੋਟੀ ਦਾਲ ਦਾ ਗੁਜ਼ਾਰਾ ਚਲਾ ਸਕਦਾ ਹੈ, ਤੇ ਦਸ ਮਹੀਨੇ ਉਨਾ ਨੂੰ ਹੋਰ ਦਿਹਾੜੀਆਂ ਕਰਨੀਆਂ ਪੈਂਦੀਆਂ ਹਨ। ਉਨ੍ਹਾਂ ਦੱਸਿਆ ਕਿ ਉਹ ਬੇਜ਼ਮੀਨੇ ਲੋਕ ਹਨ ਅਤੇ ਇਲਾਕੇ ਅੰਦਰ ਸਿਰਫ਼ ਪੰਦਰਾਂ ਦੇ ਕਰੀਬ ਲੋਕ ਹੀ ਮਿੱਟੀ ਦੇ ਭਾਂਡੇ ਬਣਾਉਣ ਦਾ ਕੰਮ ਕਰ ਕਰਨ ਵਾਲੇ ਰਹਿ ਗਏ ਹਨ। ਉਨ੍ਹਾਂ ਕਿਹਾ ਕਿ ਇਸ ਵਾਰ ਪਈ ਭਾਰੀ ਬਰਸਾਤ ਕਾਰਨ ਉਨ੍ਹਾਂ ਨੂੰ ਵੱਡੇ ਨੁਕਸਾਨ ਝੱਲਣੇ ਪਏ ਹਨ। ਜਿਸ ਕਰਕੇ ਉਨ੍ਹਾਂ ਦੀ ਭਾਂਡੇ ਬਣਾਉਣ ਵਾਲੀ ਮਿੱਟੀ ਅਤੇ ਹੋਰ ਲੋੜੀਂਦਾ ਸਮਾਨ ਖ਼ਰਾਬ ਹੋ ਗਿਆ ਅਤੇ ਸਮਾਨ ਬਣਾਉਣ ਦੀ ਲਾਗਤ ਵਿਚ ਹੋਰ ਵਾਧਾ ਹੋ ਗਿਆ। ਜਦੋਂਕਿ ਆਮਦਨ ਪਹਿਲਾਂ ਨਾਲੋਂ ਵੀ ਘੱਟ ਗਈ ਹੈ। ਸਿੰਦੂ ਨੇ ਇੱਥੋਂ ਕਿਹਾ ਕਿ ਉਨ੍ਹਾਂ ਦੇ ਘਰ ਦੀਆਂ ਦੋ ਛੱਤਾਂ ਗਿਰਨ ਵਾਲੀਆਂ ਹਨ। ਪਰੰਤੂ ਉਨ੍ਹਾਂ ਕੋਲ ਸਾਧਨ ਨਾ ਹੋਣ ਕਰਕੇ ਡਰ ਅਤੇ ਗ਼ਰੀਬੀ ਵਿਚ ਜੀਵਨ ਗੁਜ਼ਾਰ ਰਹੇ ਹਨ। ਉਨ੍ਹਾਂ ਸੂਬਾ ਸਰਕਾਰ ਅਤੇ ਸਮਾਜਿਕ ਜਥੇਬੰਦੀਆਂ ਨੂੰ ਵੀ ਅਪੀਲ ਕੀਤੀ ਕਿ ਉਨ੍ਹਾਂ ਦੀ ਬਾਂਹ ਫੜੀ ਜਾਵੇ ਤੇ ਘਰ ਦੀ ਮੁਰੰਮਤ ਵਿਚ ਯੋਗਦਾਨ ਪਾਇਆ ਜਾਵੇ। ਸਿੰਦੂ ਨੇ ਕਿਹਾ ਕਿ ਗੁਜਰਾਤ ਤੇ ਰਾਜਸਥਾਨ ਤੋਂ ਆਉਣ ਵਾਲੇ ਮਿੱਟੀ ਦੇ ਸਮਾਨ ਨੇ ਇਸ ਰੁਜ਼ਗਾਰ ਨੂੰ ਸੱਟ ਮਾਰੀ ਹੈ, ਉੱਥੇ ਹੀ ਚੀਨ ਤੋਂ ਬਣੇ ਦੀਪਮਾਲਾ ਅਤੇ ਹੋਰ ਸਮਾਨ ਨੇ ਵੀ ਇਸ ਕੰਮ ਨੂੰ ਖ਼ਤਮ ਹੋਣ ਦੇ ਕਰਾਰ ਤੇ ਲਿਆ ਦਿੱਤਾ ਹੈ। ਉਨ੍ਹਾਂ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਹਿਮਾਚਲ ਪ੍ਰਦੇਸ਼ ਵਿਚ ਮਿੱਟੀ ਦੇ ਬਰਤਨ ਬਣਾਉਣ ਵਾਲਿਆਂ ਨੂੰ ਮਸ਼ੀਨਾਂ ਤੇ ਹੋਰ ਸਮਾਨ ਸਬਸਿਡੀ ਤੇ ਮੁਹੱਈਆ ਕਰਵਾਇਆ ਜਾਂਦਾ ਹੈ। ਇਸੇ ਤਰਜ਼ 'ਤੇ ਮਿੱਟੀ ਦੇ ਬਰਤਨ ਬਣਾਉਣ ਵਾਲੇ ਘੁਮਿਆਰ ਭਾਈਚਾਰੇ ਦੀ ਬਾਂਹ ਫੜੀ ਜਾਵੇ ਅਤੇ ਖ਼ਾਸ ਰਿਆਇਤ ਦਿੱਤੀ ਜਾਵੇ ਤਾਂ ਜੋ ਪੁਰਾਤਨ ਕਿੱਤਾ ਪ੍ਰਫੁੱਲਿਤ ਹੋ ਸਕੇ।

ਸ੍ਰੀ ਅਨੰਦਪੁਰ ਸਾਹਿਬ ਨੇੜਲੇ ਪਿੰਡ ਚੰਡੇਸਰ ਦਾ ਮਿੱਟੀ ਦੇ ਬਰਤਨਾਂ ਨੂੰ ਬਣਾਉਣ ਵਾਲਾ ਘੁਮਿਆਰ ਭਾਈਚਾਰੇ ਨਾਲ ਸਬੰਧਿਤ ਸੁਰਿੰਦਰਪਾਲ ਸਿੰਘ ਸਿੰਦੂ ਫੜ੍ਹੀ ਲਗਾ ਕੇ ਆਪਣਾ ਤਿਆਰ ਕੀਤਾ ਹੋਇਆ ਸਾਮਾਨ ਵੇਚਦਾ ਹੋਇਆ।

ਗੁਰਦੁਆਰਾ ਸ੍ਰੀ ਕੋਤਵਾਲੀ ਸਾਹਿਬ ਤੋਂ ਗੁਰਪੁਰਬ ਸੰਬੰਧੀ ਪ੍ਰਭਾਤ ਫੇਰੀਆਂ ਆਰੰਭ ਕਰਨ ਸਮੇਂ।

ਗੁਰਦੁਆਰਾ ਸ੍ਰੀ ਕੋਤਵਾਲੀ ਸਾਹਿਬ ਵਲੋਂ ਗੁਰਪੁਰਬ ਸੰਬੰਧੀ ਪ੍ਰਭਾਤ ਫੇਰੀਆਂ ਆਰੰਭ

ਮੋਰਿੰਡਾ, 19 ਅਕਤੂਬਰ (ਪ੍ਰਿਤਪਾਲ ਸਿੰਘ)-ਗੁਰਦੁਆਰਾ ਸ੍ਰੀ ਕੋਤਵਾਲੀ ਸਾਹਿਬ ਵਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਗੁਰਪੁਰਬ ਨੂੰ ਮੁੱਖ ਰੱਖਦਿਆਂ ਅੱਜ ਪ੍ਰਭਾਤ ਫੇਰੀਆਂ ਅਰੰਭ ਕੀਤੀਆਂ ਗਈਆਂ। ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਸਾਹਿਬ ਦੇ ਮੈਨੇਜਰ ਦਵਿੰਦਰ ਸਿੰਘ ਨੇ ਦੱਸਿਆ ਕਿ ਅੱਜ ਗੁਰਦੁਆਰਾ ਸ੍ਰੀ ਕੋਤਵਾਲੀ ਸਾਹਿਬ ਤੋਂ ਪ੍ਰਭਾਤ ਫੇਰੀ ਅਰੰਭ ਹੋ ਕੇ ਵੱਖ ਵੱਖ ਥਾਵਾਂ ਤੋਂ ਹੁੰਦੇ ਹੋਏ ਬਾਬਾ ਗੁਰਮੀਤ ਸਿੰਘ ਦੇ ਘਰ ਪਹੁੰਚੇ। ਇਸ ਮੌਕੇ ਜਿਥੇ ਪ੍ਰਸਿੱਧ ਕਥਾ ਵਾਚਕ ਭਾਈ ਸੁਰਿੰਦਰਪਾਲ ਸਿੰਘ ਸੋਢੀ, ਭਾਈ ਕਰਮਜੀਤ ਸਿੰਘ, ਬੀਬੀ ਅਮਨਪ੍ਰੀਤ ਕੌਰ ਅਨੰਦ ਨੇ ਆਪਣੇ ਸਾਥੀਆਂ ਸਮੇਤ ਗੁਰੂ ਜੀ ਦੀ ਉਪਮਾ ਵਿਚ ਸ਼ਬਦ ਗਾਇਣ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਸਮੇਂ ਵੱਡੀ ਗਿਣਤੀ ਵਿਚ ਸਿੱਖ ਸੰਗਤਾਂ ਪ੍ਰਭਾਤ ਫੇਰੀ ਦੇ ਰੂਪ ਵਿਚ ਇਕੱਠੇ ਹੋ ਕੇ ਸਤਿਨਾਮ ਵਾਹਿਗੁਰੂ ਜੀ ਦਾ ਨਾਮ ਜਪਦੇ ਹੋਏ ਵੱਖ ਵੱਖ ਬਜ਼ਾਰਾਂ ਅਤੇ ਘਰਾਂ ਵਿਚ ਫੇਰੀ ਪਾਈ। ਇਸ ਪ੍ਰਭਾਤ ਫੇਰੀ ਵਿਚ ਹੋਰਨਾਂ ਤੋਂ ਇਲਾਵਾ, ਗੁਰਦੀਪ ਸਿੰਘ, ਹਰਦੀਪ ਸਿੰਘ ਅਨੰਦ, ਜਗਨਦੀਪ ਸਿੰਘ ਅਨੰਦ, ਗੁਰਮੁੱਖ ਸਿੰਘ ਸੰਤ ਨਗਰ, ਸੁਰਜੀਤ ਸਿੰਘ, ਸੰਤ ਸਿੰਘ, ਭੋਲਾ ਸਿੰਘ, ਸ਼ਮਸ਼ੇਰ ਸਿੰਘ, ਪਰਮਜੀਤ ਸਿੰਘ, ਗੁਰਪ੍ਰੀਤ ਸਿੰਘ, ਜਸਵੀਰ ਸਿੰਘ, ਲਛਮਣ ਸਿੰਘ, ਬੀਬੀ ਰਜਿੰਦਰ ਕੌਰ, ਬੀਬੀ ਚਰਨਜੀਤ ਕੌਰ, ਮਨਪ੍ਰੀਤ ਕੌਰ ਅਤੇ ਜਸਵੰਤ ਕੌਰ ਪ੍ਰਧਾਨ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਮੋਰਿੰਡਾ ਸਮੇਤ ਅਨੇਕਾਂ ਬੀਬੀਆਂ ਅਤੇ ਪਤਵੰਤੇ ਸੱਜਣ ਹਾਜ਼ਰ ਸਨ।

ਵਰ੍ਹੇਗੰਢ ਮਨਾਈ

ਜਗਮੋਹਨ ਸਿੰਘ ਕੰਗ ਅਤੇ ਬਲਵਿੰਦਰ ਕੌਰ ਪਿੰਡ ਲੁਠੇੜੀ ਨੇ ਆਪਣੀ 45ਵੀਂ ਵਿਆਹ ਦੀ ਵਰ੍ਹੇਗੰਢ ਮਨਾਈ।

ਦੀਵਾਲੀ ਮੇਲੇ ਦੌਰਾਨ ਵੱਖ-ਵੱਖ ਪ੍ਰਦਰਸ਼ਨੀਆਂ ਦੇਖ ਰਹੇ ਮੁੱਖ ਮਹਿਮਾਨ ਅਤੇ ਅਧਿਆਪਕ।

ਹੋਮ ਸਾਇੰਸ ਵਿਭਾਗ ਨੇ ਕਰਵਾਇਆ ਦੀਵਾਲੀ ਮੇਲਾ

ਕਲਾਕ੍ਰਿਤੀ ਅਤੇ ਪੌਸ਼ਟਿਕ ਮਿਠਾਈਆਂ ਦੀ ਪ੍ਰਦਰਸ਼ਨੀ ਬਣੀ ਖਿੱਚ ਦਾ ਕੇਂਦਰ

ਰੂਪਨਗਰ, 19 ਅਕਤੂਬਰ (ਸਤਨਾਮ ਸਿੰਘ ਸੱਤੀ)-ਸਰਕਾਰੀ ਕਾਲਜ ਰੋਪੜ ਵਿਖੇ ਪ੍ਰਿੰਸੀਪਲ ਜਤਿੰਦਰ ਸਿੰਘ ਗਿੱਲ ਦੀ ਸਰਪ੍ਰਸਤੀ ਹੇਠ ਹੋਮ ਸਾਇੰਸ ਵਿਭਾਗ ਵਲੋਂ ਦੀਵਾਲੀ ਮੇਲਾ ਕਰਵਾਇਆ ਗਿਆ। ਇਸ ਮੇਲੇ ਵਿਚ ਵਿਦਿਆਰਥੀਆਂ ਨੇ ਆਪਣੇ ਹੁਨਰ ਨਾਲ ਬਣਾਈਆਂ ਪੌਸ਼ਟਿਕ ਮਿਠਾਈਆਂ, ਮੋਮਬੱਤੀਆਂ ਅਤੇ ਘਰ ਸਜਾਵਟੀ ਕਲਾਕ੍ਰਿਤੀਆਂ ਦੀ ਪ੍ਰਦਰਸ਼ਨੀ ਲਗਾਈ ਅਤੇ ਵਸਤਾਂ ਦੀ ਵਿੱਕਰੀ ਵੀ ਕੀਤੀ। ਮੇਲੇ ਦੀ ਸ਼ੁਰੂਆਤ ਪ੍ਰਿੰਸੀਪਲ ਡਾ. ਗਿੱਲ ਨੇ ਕੀਤੀ। ਉਨ੍ਹਾਂ ਨੇ ਵਿਦਿਆਰਥੀਆਂ ਦੀ ਪ੍ਰਤਿਭਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਨਵੇਂ ਯੁੱਗ ਵਿਚ ਸਵੈ-ਰੁਜ਼ਗਾਰ ਲਈ ਹੁਨਰਮੰਦ ਬਣਨਾ ਬਹੁਤ ਜ਼ਰੂਰੀ ਹੈ। ਵਿਭਾਗ ਮੁਖੀ ਪ੍ਰੋ. ਅਰਵਿੰਦਰ ਕੌਰ ਨੇ ਦੱਸਿਆ ਕਿ ਇਸ ਮੌਕੇ ਗਰੀਨ ਦੀਵਾਲੀ ਥੀਮ ਆਧਾਰਤ ਪੋਸਟਰ ਮੇਕਿੰਗ, ਕੋਲਾਜ, ਕਾਰਟੂਨਿੰਗ ਅਤੇ ਰੰਗੋਲੀ ਮੁਕਾਬਲੇ ਵੀ ਕਰਵਾਏ ਗਏ। ਇਸ ਮੌਕੇ ਵਾਈਸ ਪ੍ਰਿੰਸੀਪਲ ਪ੍ਰੋ. ਹਰਜੀਤ ਸਿੰਘ, ਪ੍ਰੋ. ਮੀਨਾ ਕੁਮਾਰੀ, ਡਾ. ਦਲਵਿੰਦਰ ਸਿੰਘ, ਡਾ. ਨਿਰਮਲ ਸਿੰਘ ਬਰਾੜ, ਡਾ. ਜਤਿੰਦਰ ਕੁਮਾਰ, ਸ੍ਰੀਮਤੀ ਪ੍ਰਵੀਨ ਚੌਧਰੀ, ਸ੍ਰੀਮਤੀ ਨੀਲਮ ਰਾਣੀ, ਰਾਜ ਕੁਮਾਰ ਸਮੇਤ ਸਟਾਫ਼ ਮੈਂਬਰ ਅਤੇ ਵਿਦਿਆਰਥੀ ਹਾਜ਼ਰ ਸਨ।

ਪਾਵਰਕਾਮ ਦੇ ਆਊਟਸੋਰਸ ਮੁਲਾਜ਼ਮ ਕਾਲੀ ਦੀਵਾਲੀ ਮਨਾਉਣ ਲਈ ਮਜਬੂਰ

ਬੇਲਾ, 19 ਅਕਤੂਬਰ (ਮਨਜੀਤ ਸਿੰਘ ਸੈਣੀ)-ਭਾਰਤੀ ਲੋਕਾਂ ਦਾ ਮੰਨਣਾ ਹੈ ਕਿ ਦੀਵਾਲੀ ਵਾਲੀ ਰਾਤ ਕ ਮਾਤਾ ਲਕਸ਼ਮੀ ਉਸ ਘਰ ਵਿਚ ਪ੍ਰਵੇਸ਼ ਕਰਦੀ ਹੈ, ਜਿਸ ਦੇ ਦਰਵਾਜ਼ੇ ਖੁੱਲ੍ਹੇ ਹੋਣ। ਪਰ ਕੀ ਮਾਤਾ ਲਕਸ਼ਮੀ ਕੇਵਲ ਅਮੀਰਾਂ ਦੇ ਘਰਾਂ ਵਿਚ ਹੀ ਆਉਂਦੀ ਹੈ, ਉਹ ਗ਼ਰੀਬ ਲੋਕ ਜਿਨ੍ਹਾਂ ਦੇ ਘਰਾਂ ਦੇ ਦਰਵਾਜ਼ੇ ਹੀ ਨਹੀਂ ਲੱਗੇ ਜਿਨ੍ਹਾਂ ਦੀਆਂ ਝੁੱਗੀਆਂ, ਝੋਂਪੜੀਆਂ ਸਾਲ ਭਰ ਖੁੱਲ੍ਹੀਆਂ ਰਹਿੰਦੀਆਂ ਹਨ। ਉਨ੍ਹਾਂ ਦੇ ਘਰ ਮਾਤਾ ਲਕਸ਼ਮੀ ਕਦੋਂ ਆਏਗੀ, ਜਾਂ ਫਿਰ ਮਾਤਾ ਲਕਸ਼ਮੀ ਵੀ ਸਾਡੀਆਂ ਸਰਕਾਰਾਂ, ਪ੍ਰਾਈਵੇਟ ਕੰਪਨੀਆਂ, ਠੇਕੇਦਾਰਾਂ ਤੇ ਭ੍ਰਿਸ਼ਟਾਚਾਰੀ ਅਫ਼ਸਰਾਂ ਵਾਂਗ ਕੇਵਲ ਅਮੀਰਾਂ ਦੀ ਹੀ ਹਮਾਇਤੀ ਹੈ, ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪਾਵਰਕੌਮ ਮੀਟਰ ਗੀਡਰ ਯੂਨੀਅਨ ਦੇ ਆਗੂ ਜਤਿੰਦਰ ਸਿੰਘ ਭੰਗੂ ਨੇ ਕਰਦਿਆਂ ਕਿਹਾ ਕਿ ਪਾਵਰਕਾਮ ਅਧੀਨ ਸੈਂਕੜੇ ਆਊਟਸੋਰਸ ਰਾਹੀਂ ਕੰਮ ਕਰਦੇ ਕੱਚੇ ਮੁਲਾਜ਼ਮ ਨਾ ਉਨ੍ਹਾਂ ਨੂੰ ਪੂਰੀ ਤਨਖ਼ਾਹ ਮਿਲਦੀ ਹੈ, ਨਾ ਸੁਰੱਖਿਆ, ਨਾ ਹੱਕ। ਇਨ੍ਹਾਂ ਦੀ ਮਿਲਣਯੋਗ ਤਨਖ਼ਾਹ ਅਤੇ ਫ਼ੰਡਾਂ ਵਿਚ ਵੱਡੇ ਪੱਧਰ 'ਤੇ ਹੇਰਾ ਫੇਰੀ ਕਰਕੇ ਠੇਕੇਦਾਰ ਅਤੇ ਪ੍ਰਾਈਵੇਟ ਕੰਪਨੀਆਂ ਹਰ ਮਹੀਨੇ ਕਰੋੜਾਂ ਰੁਪਏ ਕਮਾਈ ਕਰ ਰਹੀਆਂ ਹਨ। ਇਨ੍ਹਾਂ ਘਪਲਿਆਂ ਦੀ ਜਾਣਕਾਰੀ ਕਈ ਵਾਰ ਲਿਖਤੀ ਅਤੇ ਜ਼ੁਬਾਨੀ ਤੌਰ 'ਤੇ ਸਰਕਾਰ, ਵਿਭਾਗ ਅਤੇ ਅਧਿਕਾਰੀਆਂ ਨੂੰ ਦਿੱਤੀ ਗਈ ਹੈ ਪਰ ਕਾਰਵਾਈ ਕਿਸੇ ਵੀ ਪੱਧਰ 'ਤੇ ਨਹੀਂ ਹੋਈ 25 ਸਤੰਬਰ 2025 ਨੂੰ ਪਾਵਰਕਾਮ ਦੀ ਇੱਕ ਠੇਕਾ ਕੰਪਨੀ ਦਾ ਟੈਂਡਰ ਖ਼ਤਮ ਹੋ ਗਿਆ, ਅਤੇ ਉਸ ਕੰਪਨੀ ਨੇ ਬਕਾਇਆ ਮਹੀਨਿਆਂ ਦੀ ਤਨਖ਼ਾਹ ਤੇ 2025 ਦਾ ਦੀਵਾਲੀ ਬੋਨਸ ਵੀ ਜਾਰੀ ਨਹੀਂ ਕੀਤਾ। ਇਸ ਕਾਰਨ ਬਿਜਲੀ ਬੋਰਡ ਦੇ ਸਮੂਹ ਆਊਟ ਸੋਰਸ ਸਪੋਟ ਬਿਲਿੰਗ ਮੀਟਰ ਰੀਡਰ ਅਤੇ ਸੁਪਰ ਵਾਈਜ਼ਰ ਇਸ ਸਾਲ "ਕਾਲੀ ਦੀਵਾਲੀ" ਮਨਾਉਣ ਲਈ ਮਜਬੂਰ ਹਨ। ਜਦ ਤੱਕ ਕੱਚੇ ਮੁਲਾਜ਼ਮਾਂ ਦੇ ਘਰ ਚਿਰਾਗ਼ ਨਹੀਂ ਜਲਦੇ, ਤਦ ਤੱਕ ਕੋਈ ਦੀਵਾਲੀ ਪੂਰੀ ਨਹੀਂ ਹੋ ਸਕਦੀ। ਇਸ ਮੌਕੇ ਆਗੂ ਜਤਿੰਦਰ ਸਿੰਘ ਭੰਗੂ, ਗੁਰਵਿੰਦਰ ਸਿੰਘ ਕਾਹਲੋਂ, ਜਗਸੀਰ ਸਿੰਘ ਬਰਨਾਲਾ, ਸੁਖਜੀਤ ਸਿੰਘ, ਅਵਤਾਰ ਸਿੰਘ, ਗੁਰਦੀਪ ਸਿੰਘ, ਕ੍ਰਿਸ਼ਨ ਕੁਮਾਰ, ਗੁਰਮੁੱਖ ਸਿੰਘ, ਜਸਵਿੰਦਰ ਸਿੰਘ, ਪਰਮਿੰਦਰ ਸਿੰਘ, ਆਦਿ ਆਗੂ ਹਾਜ਼ਰ ਸਨ।

ਵਰ੍ਹੇਗੰਢ ਮਨਾਈ

ਡਾ ਸੁਰਿੰਦਰ ਸਿੰਘ ਸੋਨੀ ਜਟਾਣਾ ਸੁਖਵੀਰ ਕੌਰ ਵਾਸੀ ਪਿੰਡ ਘਨੌਲੀ ਜ਼ਿਲ੍ਹਾ ਰੂਪਨਗਰ ਨੇ 17ਵੀ ਵਰ੍ਹੇਗੰਢ ਮਨਾਈ।

ਦੀਵਾਲੀ ਸੱਚਾਈ, ਸਾਂਝ ਤੇ ਮਨੁੱਖਤਾ ਦੀ ਰੌਸ਼ਨੀ ਫੈਲਾਉਣ ਦਾ ਤਿਉਹਾਰ- ਵਿਧਾਇਕ ਦਿਨੇਸ਼ ਚੱਢਾ

ਰੂਪਨਗਰ, 19 ਅਕਤੂਬਰ (ਸਤਨਾਮ ਸਿੰਘ ਸੱਤੀ)-ਹਲਕਾ ਰੂਪਨਗਰ ਦੇ ਵਿਧਾਇਕ ਐਡਵੋਕੇਟ ਦਿਨੇਸ਼ ਚੱਢਾ ਨੇ ਦੀਵਾਲੀ ਦੇ ਪਵਿੱਤਰ ਤਿਉਹਾਰ ਮੌਕੇ ਹਲਕਾ ਵਾਸੀਆਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਦੀਵਾਲੀ ਸਿਰਫ਼ ਦੀਵਿਆਂ ਤੇ ਰੌਸ਼ਨੀਆਂ ਦਾ ਤਿਉਹਾਰ ਨਹੀਂ, ਸਗੋਂ ਇਹ ਸੱਚ ਦੀ ਜਿੱਤ, ਨੇਕੀ ਦੀ ਫ਼ਤਿਹ ਅਤੇ ਮਨੁੱਖਤਾ ਤੇ ਸਾਂਝ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਇਹ ਤਿਉਹਾਰ ਸਾਨੂੰ ਸਿਖਾਉਂਦਾ ਹੈ, ਕਿ ਹਨੇਰੇ ਵਿਚ ਵੀ ਉਮੀਦ ਦਾ ਇੱਕ ਦੀਵਾ ਜਗਾ ਕੇ ਜ਼